# ਦਫਤਰ: ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ, ਲੋਕ ਨਿਰਮਾਣ ਵਿਭਾਗ,
## ਭ ਤੇ ਮ ਸਾਖਾ, ਨਾਭਾ

ਪਤਾ: ਹੀਰਾ ਇੰਨਕਲੇਵ, ਪ੍ਰਬੰਧਕੀ ਕੰਪਲੈਕਸ, ਬਲਾਕ-ਸੀ, ਨਾਭਾ

ਫੋਨ ਨੰਬਰ: 01765-220135 ਈ-ਮੇਲ: ee.cd.nbh.pwd@punjab.gov.in

ਮੀਮੋ ਨੰ. 1692 ਮਿਤੀ. 12/6/24

ਵੱਲ

Principal,
Golden Era School,
Vill. Dittupur Jattan, Patiala.

ਵਿਸ਼ਾ: ਸਕੂਲ ਸੇਫਟੀ ਸਰਟੀਫਿਕੇਟ ਬਣਾਉਣ ਸਬੰਧੀ।

ਹਵਾਲਾ:- ਆਪ ਦੇ ਦਫਤਰ ਦਾ ਪੱਤਰ ਨੰ. GES/2024/1235 ਮਿਤੀ 20.05.2024 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਸਬੰਧੀ ਹਵਾਲੇ ਅਧੀਨ ਪੱਤਰ ਦੇ ਸਬੰਧ ਵਿੱਚ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ.3 ਭ ਤੇ ਮ ਸਾਖਾ, ਪਟਿਆਲਾ ਵੱਲੋਂ ਕੀਤੀ ਰਿਪੋਰਟ ਦੇ ਸਨਮੁੱਖ ਸਕੂਲ ਦੀ ਬਿਲਡਿੰਗ ਸੇਫਟੀ ਸਰਟੀਫਿਕੇਟ ਦੀ ਬਣਦੀ ਫੀਸ ਸਕੂਲ ਮੈਨਜਮੇਟ ਵੱਲੋਂ ਡਿਮਾਂਡ ਡਰਾਫਟ ਨੰ. 001254 ਮਿਤੀ 16.05.2024 ਰਾਹੀ ਬਾਬਤ ਰਕਮ 50000/- ਰੁਪਏ ਦਾ ਪੰਜ ਸਾਲਾ ਲਈ ਅਤੇ ਇੰਨਸਪੈਕਸ਼ਨ ਫੀਸ ਡਿਮਾਂਡ ਡਰਾਫਟ ਨੰ. 001253 ਮਿਤੀ 16.05.2024 ਰਾਹੀ ਬਾਬਤ ਰਕਮ 2,000/- ਰੁਪਏ ਜਮ੍ਹਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਦੇ ਸਨਮੁੱਖ ਆਪ ਨੂੰ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ.3 ਭ ਤੇ ਮ ਸਾਖਾ, ਪਟਿਆਲਾ ਵੱਲੋਂ ਵਿੱਤੀ ਸਾਲ 2024-2029 ਤੱਕ (ਪੰਜ ਸਾਲਾ) ਲਈ ਕੀਤੀ ਗਈ ਸਿਫਾਰਸ਼ ਦੇ ਮੱਦੇ ਨਜਰ ਬਿਲਡਿੰਗ ਸੇਫਟੀ ਸਰਟੀਫਿਕੇਟ ਹੇਠ ਲਿਖਿਆ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1) ਬਿਲਡਿੰਗ ਦੇ ਆਲੇ-ਦੁਆਲੇ ਅਤੇ ਛੱਤਾਂ ਤੇ ਪਾਣੀ ਖੜਾ ਨਾ ਹੋਣ ਦਿੱਤਾ ਜਾਵੇ।
2) ਜੇਕਰ ਇਮਾਰਤ ਵਿਚ ਕਿਸੇ ਕਿਸਮ ਦੀ ਤਰੇੜ ਵਗੈਰਾ ਜਾਂ ਫਿਰ ਸਲਾਬ ਆਦਿ ਆ ਜਾਂਦੀ ਹੈ ਤਾਂ ਉਸ ਜਗ੍ਹਾ ਨੂੰ ਤੁਰੰਤ ਖਾਲੀ ਕੀਤਾ ਜਾਵੇ ਅਤੇ ਉਸ ਜਗ੍ਹਾਂ ਦੀ ਰਿਪੇਅਰ ਤੁਰੰਤ ਕਿਸੇ ਮੰਨਜੂਰਸ਼ੁਦਾ ਸਟਰਕਚਰਲ ਇੰਜੀਨੀਅਰ ਦੀ ਨਿਗਰਾਨੀ ਹੇਠ ਕਰਵਾਈ ਜਾਵੇ ਅਤੇ ਉਸ ਥਾਂ ਦਾ ਮੁੜ ਤੋਂ ਸੇਫਟੀ ਸ਼ਰਟੀਫਿਕੇਟ ਇਸ ਮਹਿਕਮੇ ਤੋਂ ਜਾਰੀ ਕਰਵਾਇਆ ਜਾਵੇ।
3) ਨਾਲ ਨੱਥੀ ਨਕਸੇ ਤੋ ਇਲਾਵਾ ਜੇਕਰ ਆਪ ਵੱਲੋਂ ਕੋਈ ਵਾਧੂ ਉਸਾਰੀ ਕਰਨੀ ਹੋਵੇ ਤਾਂ ਉਸਦੀ ਮੰਨਜੂਰੀ ਇਸ ਮਹਿਕਮੇ ਪਾਸੋ ਲਈ ਜਾਵੇ ਅਤੇ ਵਾਧੂ ਉਸਾਰੀ ਦਾ ਕੰਮ ਕਿਸੇ ਮੰਨਜੂਰ ਸੂਦਾ ਸਟਰਕਚਰਲ ਇੰਜੀਨੀਅਰ ਦੀ ਨਿਗਰਾਨੀ ਹੇਠ ਕਰਵਾਇਆ ਜਾਵੇ।
4) ਜੇਕਰ ਆਪ ਵੱਲੋਂ ਆਉਣ ਵਾਲੇ ਸਮੇਂ/ ਸਾਲ 2024-2029 ਦੌਰਾਨ ਬਿਲਡਿੰਗ ਵਿੱਚ ਕੋਈ ਵਾਧਾ ਘਾਟਾ ਕੀਤਾ ਜਾਂਦਾ ਹੈ ਅਤੇ ਇਸ ਮਹਿਕਮੇ ਨੂੰ ਇਤਲਾਹ ਨਹੀ ਦਿੱਤੀ ਜਾਂਦੀ ਤਾਂ ਉਕਤ ਜਾਰੀ ਹੋਇਆ ਬਿਲਡਿੰਗ ਸੇਫਟੀ ਸ਼ਰਟੀਫਿਕੇਟ ਬਿਨਾਂ ਕਿਸੇ ਕਾਰਨ ਦੱਸੋ ਨੋਟਿਸ ਦੇ ਇਸ ਮਹਿਕਮੇ ਵੱਲੋਂ ਰੱਦ ਸਮਝਿਆ ਜਾਵੇਗਾ ਜਿਸ ਦੀ ਨਿਰੋਲ ਜ਼ਿਮੇਵਾਰੀ ਆਪ ਦੀ ਹੋਵੇਗੀ।
5) ਇੱਥੇ ਆਪ ਨੂੰ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਬਿਲਡਿੰਗ ਸਬੰਧੀ ਫਾਇਰ ਸੇਫਟੀ ਸਰਟੀਫਿਕੇਟ ਸਬੰਧਤ ਮਹਿਕਮੇ ਤੋਂ ਹਰ ਸਾਲ ਆਪਣੇ ਖਰਚੇ ਤੇ ਲੈਣ ਦਾ ਪਾਬੰਦ ਹੋਵੇਗਾ। ਜੇਕਰ ਬਿਲਡਿੰਗ ਵਿੱਚ ਕਿਸੇ ਕਿਸਮ ਦੀ ਅਣਸੁਖਾਵੀਂ ਘਟਨਾ ਵਾਪਰ ਦੀ ਹੈ ਤਾਂ ਇਸ ਮਹਿਕਮੇ ਦੀ ਕੋਈ ਜ਼ਿਮੇਵਾਰੀ ਨਹੀਂ ਹੋਵੇਗੀ।
6) ਜੇਕਰ ਆਉਣ ਵਾਲੇ ਸਮੇਂ ਦੌਰਾਨ ਸਰਕਾਰ ਦੀਆਂ ਕੋਈ ਹਦਾਇਤਾਂ ਨਵੀਆਂ ਫੀਸਾਂ ਸਬੰਧੀ ਆਉਂਦੀਆਂ ਹਨ ਤਾਂ ਸਕੂਲ ਮਨੇਜ਼ਮੈਂਟ ਉਹਨਾਂ ਹਦਾਇਤਾਂ ਦੀ ਪਾਲਣਾ ਕਰਨ ਦਾ ਪਾਬੰਦ ਹੋਵੇਗਾ।
7) ਭਵਿੱਖ ਵਿਚ ਆਡਿਟ ਦੋਰਾਨ ਜਾਂ ਫੇਰ ਜੇਕਰ ਇਸ ਮਹਿਕਮੇ ਵਲੋ ਆਪ ਦੇ ਸਕੂਲ ਵਿਰੁੱਧ ਕੋਈ ਬਕਾਇਆ/ਦੇਣਦਾਰੀ ਨਿਕਲਦੀ ਹੈ ਤਾਂ ਆਪ ਉਹ ਬਕਾਇਆ/ਦੇਣਦਾਰੀ ਇਸ ਦਫਤਰ ਵਿਖੇ ਜਮਾਂ ਕਰਵਾਉਣ ਦੇ ਪਾਬੰਦ ਹੋਵੋਗੇ ਅਤੇ ਇਸ ਸਬੰਧੀ ਕੋਈ ਕਲੇਮ/ਲਿਟੀਗੇਸ਼ਨ ਨਹੀ ਕਰੋਗੇ।

**ਨੋਟ:- ਜੇਕਰ ਉਪਰੋਕਤ ਲਿਖਿਆ ਹਦਾਇਤਾਂ/ਸ਼ਰਤਾਂ ਦੀ ਸਬੰਧਤ ਸਕੂਲ ਮਨੇਜ਼ਮੈਂਟ ਵੱਲੋਂ ਉਲੰਘਣਾ ਕੀਤੀ ਜਾਂਦੀ ਹੈ ਤਾਂ ਮਹਿਕਮੇ ਵੱਲੋਂ ਜਾਰੀ ਕੀਤਾ ਗਿਆ ਐਨ.ਓ.ਸੀ. ਬਿਨਾਂ ਨੋਟਿਸ ਰੱਦ ਸਮਝਿਆ ਜਾਵੇਗਾ ਜਿਸ ਦੀ ਨਿਰੋਲ ਜ਼ਿਮੇਵਾਰੀ ਆਪ ਦੀ ਹੋਵੇਗੀ।**

**ਨੱਥੀ: ਡਰਾਇੰਗ**

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ, ਭ ਤੇ ਮ ਸ਼ਾਖਾ,
ਨਾਭਾ।

ਪਿੱਠ ਅੰਕਣ ਨੰ:

ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ.03 ਭ ਤੇ ਮ ਸਾਖਾ, ਪਟਿਆਲਾ ਨੂੰ ਉਨ੍ਹਾਂ ਦੇ ਦਫਤਰ ਦੇ ਪੱਤਰ ਨੰ. 85 ਮਿਤੀ 08.05.2024 ਦੇ ਹਵਾਲੇ ਰਾਹੀਂ ਡਿਮਾਡ ਡਰਾਫਟ ਨੰ. 001254 ਮਿਤੀ 16.05.2024 ਬਾਬਤ ਰਕਮ 50000/- ਰੁਪਏ ਅਤੇ ਡਿਮਾਂਡ ਡਰਾਫਟ ਨੰ. 001253 ਮਿਤੀ 16.05.2024 ਬਾਬਤ ਰਕਮ 2000/- (Axis Bank) ਦਾ ਭੇਜ ਕੇ ਲਿਖਿਆ ਜਾਂਦਾ ਹੈ ਕਿ ਸਬੰਧਤ ਡਿਮਾਂਡ ਡਰਾਫਟਾਂ ਨੂੰ ਸਰਕਾਰੀ ਹੈੱਡ (8782) ਵਿੱਚ ਜਮਾਂ ਕਰਵਾ ਕੇ ਰਿਪੋਰਟ ਇਸ ਦਫਤਰ ਨੂੰ ਭੇਜੀ ਜਾਵੇ।

ਨੱਥੀ: ਡਰਾਇੰਗ ਅਤੇ ਡਰਾਫਟ

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ, ਭ ਤੇ ਮ ਸ਼ਾਖਾ,
ਨਾਭਾ।

Scanned with OKEN Scanner